ਗਉੜੀ ਗੁਆਰੇਰੀ ਮਹਲਾ ੫ ॥ ਕਿਉ ਭ੍ਰਮੀਐ ਭ੍ਰਮੁ ਕਿਸ ਕਾ ਹੋਈ ॥ ਜਾ ਜਲਿ ਥਲਿ ਮਹੀਅਲਿ ਰਵਿਆ ਸੋਈ ॥ ਗੁਰਮੁਖਿ ਉਬਰੇ ਮਨਮੁਖ ਪਤਿ ਖੋਈ ॥੧॥ ਜਿਸੁ ਰਾਖੈ ਆਪਿ ਰਾਮੁ ਦਇਆਰਾ ॥ ਤਿਸੁ ਨਹੀ ਦੂਜਾ ਕੋ ਪਹੁਚਨਹਾਰਾ ॥੧॥ ਰਹਾਉ ॥ ਸਭ ਮਹਿ ਵਰਤੈ ਏਕੁ ਅਨੰਤਾ ॥ ਤਾ ਤੂੰ ਸੁਖਿ ਸੋਉ ਹੋਇ ਅਚਿੰਤਾ ॥ ਓਹੁ ਸਭੁ ਕਿਛੁ ਜਾਣੈ ਜੋ ਵਰਤੰਤਾ ॥੨॥ ਮਨਮੁਖ ਮੁਏ ਜਿਨ ਦੂਜੀ ਪਿਆਸਾ ॥ ਬਹੁ ਜੋਨੀ ਭਵਹਿ ਧੁਰਿ ਕਿਰਤਿ ਲਿਖਿਆਸਾ ॥ ਜੈਸਾ ਬੀਜਹਿ ਤੈਸਾ ਖਾਸਾ ॥ ੩॥ ਦੇਖਿ ਦਰਸੁ ਮਨਿ ਭਇਆ ਵਿਗਾਸਾ ॥ ਸਭੁ ਨਦਰੀ ਆਇਆ ਬ੍ਰਹਮੁ ਪਰਗਾਸਾ ॥ ਜਨ ਨਾਨਕ ਕੀ ਹਰਿ ਪੂਰਨ ਆਸਾ ॥੪॥੨॥੭੧॥ {ਪੰਨਾ 176}

ਪਦਅਰਥ:- ਭ੍ਰਮੁ—ਭਟਕਣਾ। ਭ੍ਰਮੀਐ—ਭਟਕਦੇ ਫਿਰੀਏ। ਕਿਉ ਭ੍ਰਮੀਐ—ਭਟਕਣਾ ਮੁੱਕ ਜਾਂਦੀ ਹੈ। ਜਾ—ਜਦੋਂ। ਜਲਿ—ਜਲ ਵਿਚ। ਥਲਿ—ਧਰਤੀ ਵਿਚ। ਮਹੀਅਲਿ—ਮਹੀ ਤਲਿ, ਧਰਤੀ ਦੀ ਸਤਹ ਉੱਤੇ, ਪੁਲਾੜ ਵਿਚ, ਆਕਾਸ਼ ਵਿਚ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ। ਉਬਰੇ—(ਤ੍ਰਿਸ਼ਨਾ ਤੋਂ) ਬਚ ਜਾਂਦੇ ਹਨ। ਮਨਮੁਖ—ਆਪਣੇ ਮਨ ਵਲ ਰੁਖ਼ ਰੱਖਣ ਵਾਲੇ ਮਨੁੱਖ। ਪਤਿ—ਇੱਜ਼ਤ।1।

ਰਾਖੈ—(ਤ੍ਰਿਸ਼ਨਾ ਤੋਂ) ਬਚਾਂਦਾ ਹੈ। ਦਇਆਰਾ—ਦਇਆਲ, ਦਇਆ ਦਾ ਘਰ। ਪਹੁਚਨਹਾਰਾ—ਬਰਾਬਰੀ ਕਰ ਸਕਣ ਵਾਲਾ।1। ਰਹਾਉ।

ਵਰਤੈ—ਮੌਜੂਦ ਹੈ। ਤਾ—ਤਦੋਂ। ਸੁਖਿ—ਆਤਮਕ ਆਨੰਦ ਵਿਚ। ਸੋਉ—ਸੌਂ, ਲੀਨ ਰਹੁ। ਅਚਿੰਤਾ—ਚਿੰਤਾ-ਰਹਿਤ ਹੋ ਕੇ। ਓਹੁ—ਉਹ ਪਰਮਾਤਮਾ। ਵਰਤੰਤਾ—ਵਾਪਰਦਾ ਹੈ।2।

ਮੁਏ—ਆਤਮਕ ਮੌਤ ਮਰ ਗਏ। ਦੂਜੀ ਪਿਆਸਾ—ਪ੍ਰਭੂ ਤੋਂ ਬਿਨਾ ਹੋਰ ਤਾਂਘ। ਭਵਹਿ—ਭੌਂਦੇ ਹਨ। ਧੁਰਿ—ਧੁਰ ਤੋਂ। ਕਿਰਤਿ—ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ।3।

ਦੇਖਿ—ਵੇਖ ਕੇ। ਮਨਿ—ਮਨ ਵਿਚ। ਵਿਗਾਸਾ—ਖਿੜਾਉ। ਨਦਰੀ ਆਇਆ—ਦਿੱਸਿਆ।4।

ਅਰਥ:- (ਹੇ ਭਾਈ!) ਜਿਸ ਮਨੁੱਖ ਨੂੰ ਦਇਆਲ ਪ੍ਰਭੂ ਆਪ (ਤ੍ਰਿਸ਼ਨਾ ਤੋਂ) ਬਚਾਂਦਾ ਹੈ (ਉਸ ਦਾ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ) ਕੋਈ ਹੋਰ ਮਨੁੱਖ ਉਸ ਦੀ ਬਰਾਬਰੀ ਨਹੀਂ ਕਰ ਸਕਦਾ।1। ਰਹਾਉ।

ਜਦੋਂ (ਇਹ ਯਕੀਨ ਬਣ ਜਾਏ ਕਿ) ਉਹ ਪ੍ਰਭੂ ਹੀ ਜਲ ਵਿਚ ਧਰਤੀ ਵਿਚ ਆਕਾਸ਼ ਵਿਚ ਵਿਆਪਕ ਹੈ ਤਦੋਂ ਮਨ ਭਟਕਣੋਂ ਹਟ ਜਾਂਦਾ ਹੈ ਕਿਉਂਕਿ ਕਿਸੇ ਮਾਇਕ ਪਦਾਰਥ ਦੀ ਖ਼ਾਤਰ ਭਟਕਣਾ ਰਹਿੰਦੀ ਹੀ ਨਹੀਂ। (ਪਰ ਤ੍ਰਿਸ਼ਨਾ ਦੇ ਪ੍ਰਭਾਵ ਤੋਂ) ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਹੀ) ਬਚਦੇ ਹਨ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਤ੍ਰਿਸ਼ਨਾ ਵਿਚ ਫਸ ਕੇ ਆਪਣੀ) ਇੱਜ਼ਤ ਗਵਾ ਲੈਂਦੇ ਹਨ (ਕਿਉਂਕਿ ਉਹ ਆਤਮਕ ਜੀਵਨ ਦੀ ਪੱਧਰ ਤੋਂ ਨੀਵੇਂ ਹੋ ਜਾਂਦੇ ਹਨ)।1।

(ਹੇ ਭਾਈ!) ਤੂੰ ਤਦੋਂ ਹੀ ਚਿੰਤਾ-ਰਹਿਤ ਹੋ ਕੇ ਆਤਮਕ ਆਨੰਦ ਵਿਚ ਲੀਨ ਰਹਿ ਸਕਦਾ ਹੈਂ (ਜਦੋਂ ਤੈਨੂੰ ਇਹ ਨਿਸ਼ਚਾ ਹੋ ਜਾਵੇ ਕਿ) ਇਕ ਬੇਅੰਤ ਪ੍ਰਭੂ ਹੀ ਸਭ ਵਿਚ ਵਿਆਪਕ ਹੈ, ਤੇ, ਜੋ ਕੁਝ ਜਗਤ ਵਿਚ ਵਾਪਰਦਾ ਹੈ ਉਹ ਪਰਮਾਤਮਾ ਸਭ ਕੁਝ ਜਾਣਦਾ ਹੈ।2।

ਜਿਨ੍ਹਾਂ ਮਨੁੱਖਾਂ ਨੂੰ ਮਾਇਆ ਦੀ ਤ੍ਰਿਸ਼ਨਾ ਚੰਬੜੀ ਰਹਿੰਦੀ ਹੈ, ਉਹ ਆਪਣੇ ਮਨ ਦੇ ਮੁਰੀਦ ਮਨੁੱਖ ਆਤਮਕ ਮੌਤੇ ਮਰੇ ਰਹਿੰਦੇ ਹਨ ਕਿਉਂਕਿ ਉਹ ਜਿਹੋ ਜਿਹਾ (ਕਰਮ-ਬੀਜ) ਬੀਜਦੇ ਹਨ ਉਹੋ ਜਿਹਾ (ਫਲ) ਖਾਂਦੇ ਹਨ। ਉਹਨਾਂ ਦੇ ਕੀਤੇ ਕਰਮਾਂ ਅਨੁਸਾਰ ਧੁਰੋਂ ਹੀ ਉਹਨਾਂ ਦੇ ਮੱਥੇ ਉਤੇ ਅਜੇਹਾ ਲੇਖ ਲਿਖਿਆ ਹੁੰਦਾ ਹੈ ਕਿ ਉਹ ਅਨੇਕਾਂ ਜੂਨਾਂ ਵਿਚ ਭਟਕਦੇ ਫਿਰਦੇ ਹਨ।3।

(ਹਰ ਥਾਂ) ਪਰਮਾਤਮਾ ਦਾ ਦਰਸਨ ਕਰ ਕੇ ਜਿਸ ਮਨੁੱਖ ਦੇ ਮਨ ਵਿਚ ਖਿੜਾਉ ਪੈਦਾ ਹੁੰਦਾ ਹੈ, ਉਸ ਨੂੰ ਹਰ ਥਾਂ ਪਰਮਾਤਮਾ ਹੀ ਪ੍ਰਕਾਸ਼ ਕਰ ਰਿਹਾ ਦਿੱਸਦਾ ਹੈ, ਹੇ ਨਾਨਕ! ਉਸ ਦਾਸ ਦੀ ਪਰਮਾਤਮਾ (ਹਰੇਕ) ਆਸ ਪੂਰੀ ਕਰਦਾ ਹੈ।4।2। 71।

ਨੋਟ:- ਗੁਰੂ ਅਰਜਨ ਸਾਹਿਬ ਦਾ ਗਉੜੀ ਰਾਗ ਵਿਚ ਇਹ ਦੂਜਾ ਸ਼ਬਦ ਹੈ। ਪਹਿਲੇ ਸਾਰੇ ਸ਼ਬਦਾਂ ਦਾ ਜੋੜ 70 ਹੈ। ਇਥੇ ਵੱਡਾ ਜੋੜ 72 ਚਾਹੀਦਾ ਸੀ। ਗੁਰੂ ਅਰਜਨ ਸਾਹਿਬ ਦੇ ਸ਼ਬਦ ਨੰ: 105 ਤਕ ਇਹੀ ਇੱਕ ਦੀ ਘਾਟ ਤੁਰੀ ਜਾਂਦੀ ਹੈ। ਸ਼ਬਦ ਨੰ: 106 ਤੋਂ ਵੱਡਾ ਅੰਕ ਦਰਜ ਕਰਨਾ ਹੀ ਬੰਦ ਕਰ ਦਿੱਤਾ ਗਿਆ ਹੈ।